# ਪੰਜਾਬੀ ਭਾਸ਼ਾ ਪਾਸਾਰ ਭਾਈਚਾਰਾ

ਮੁੱਖ ਦਫ਼ਤਰ: 297, ਉਪਕਾਰ ਨਗਰ, ਸਿਵਲ ਲਾਈਨਜ਼,
ਲੁਧਿਆਣਾ। ਮੋਬਾਈਲ ਨੰ:98556-31777

ਹਵਾਲਾ ਨੰ: ਪ: ਭ: ਪ: ਭ: /15
ਮਿਤੀ : 14. 02. 2019

ਸੇਵਾ ਵਿਖੇ

ਮਾਣਯੋਗ ਮੁੱਖ ਮੰਤਰੀ ਸਾਹਿਬ

ਪੰਜਾਬ। cmo@punjab.gov.in

ਵਿਸ਼ਾ: ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਸਾਰੇ ਦਫ਼ਤਰੀ ਕੰਮ ਕਾਜ ਨੂੰ ਪੰਜਾਬੀ ਵਿਚ ਕੀਤੇ ਜਾਣ ਨੂੰ ਯਕੀਨੀ ਬਣਾਉਣ ਅਤੇ ਯੂਨੀਵਰਸਿਟੀ ਦੀ ਵੈਬਸਾਈਟ ਉੱਪਰ ਉਪਲਬਧ ਕਰਵਾਈ ਗਈ ਸੂਚਨਾ ਨੂੰ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਵਿਚ ਉਪਲਬਧ ਕਰਵਾਉਣ ਸਬੰਧੀ ਉਪ ਕੁਲਪਤੀ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਵੱਲੋਂ ਕਾਰਵਾਈ ਨਾ ਕਰਨ ਜਾਂ ਕੀਤੀ ਕਾਰਵਾਈ ਬਾਰੇ ਭਾਈਚਾਰੇ ਨੂੰ ਸੂਚਿਤ ਨਾ ਕਰਨ ਸਬੰਧੀ।

ਸ੍ਰੀ ਮਾਨ ਜੀ,

ਬੜ੍ਹੀ ਹੀ ਨਿਮਰਤਾ ਸਹਿਤ ਆਪ ਜੀ ਦੇ ਧਿਆਨ ਵਿਚ ਲਿਆਂਦਾ ਜਾਂਦਾ ਹੈ ਕਿ:

1. ਪੰਜਾਬ ਭਾਸ਼ਾ ਪਸਾਰ ਭਾਈਚਾਰੇ ਵੱਲੋਂ ਪੱਤਰ ਨੰ:70 ਮਿਤੀ 26.12.2018 ਰਾਹੀਂ ਉਪ ਕੁਲਪਤੀ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਬੇਨਤੀ ਕੀਤੀ ਗਈ ਸੀ ਕਿ ਉਹ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਅਤੇ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਏ ਨਵੇਂ ਹੁਕਮ ਮਿਤੀ 05 ਸਤੰਬਰ 2018 ਦੀ ਪਾਲਣਾ ਹਿਤ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਕੀਤੇ ਜਾਂਦੇ ਦਫਤਰੀ ਕੰਮ ਕਾਜ ਨੂੰ ਪੰਜਾਬੀ ਵਿਚ ਕੀਤੇ ਜਾਣ ਨੂੰ ਯਕੀਨੀ ਬਣਾਉਣ।
2. ਇਸ ਪੱਤਰ ਦੇ ਉਤਾਰੇ ਮਾਣਯੋਗ ਸ੍ਰੀਮਤੀ ਰਜ਼ੀਆ ਸੁਲਤਾਨਾ ਮੰਤਰੀ ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਮਾਣਯੋਗ ਸ੍ਰੀ ਐਸ.ਕੇ. ਸੰਧੂ ਵਧੀਕ ਮੁੱਖ ਸਕੱਤਰ ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਮਾਣਯੋਗ ਸ੍ਰੀ ਵੀ.ਕੇ. ਮੀਨਾ ਸਕੱਤਰ ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ ਪੰਜਾਬ ਚੰਡੀਗੜ੍ਹ, ਮਾਣਯੋਗ ਰਾਜਪਾਲ ਪੰਜਾਬ ਅਤੇ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਨੂੰ ਭੇਜੇ ਗਏ ਸਨ।
3. ਇਸ ਪੱਤਰ ਨੂੰ ਲਿਖਿਆਂ 50 ਦਿਨ ਲੰਘ ਚੁੱਕੇ ਹਨ। ਭਾਈਚਾਰੇ ਨੂੰ ਅੱਜ ਤੱਕ ਉਪ ਕੁਲਪਤੀ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਵੱਲੋਂ ਜਾਂ ਕਿਸੇ ਹੋਰ ਅਧਿਕਾਰੀ ਵੱਲੋਂ ਇਸ ਵਿਸ਼ੇ ਸਬੰਧੀ ਕੀਤੀ ਗਈ ਕਾਰਵਾਈ ਬਾਰੇ ਜਾਣੂ ਨਹੀਂ ਕਰਾਇਆ।

4. ਇਹ ਮਾਮਲਾ ਪੰਜਾਬੀ ਭਾਸ਼ਾ ਦੇ ਪਸਾਰ ਅਤੇ ਵਿਕਾਸ ਨਾਲ ਸਬੰਧਤ ਹੋਣ ਕਾਰਨ ਦੁਨੀਆ ਭਰ ਵਿਚ ਵਸਦੇ ਹਰ ਪੰਜਾਬੀ ਨਾਲ ਸਬੰਧਤ ਹੈ।
5. ਪੰਜਾਬੀ ਭਾਸ਼ਾ ਦੇ ਵਿਕਾਸ ਅਤੇ ਪਸਾਰ ਨੂੰ ਯਕੀਨੀ ਬਣਾਉਣ ਨੂੰ ਇਹ ਮਾਮਲਾ ਮੁੜ ਆਪ ਜੀ ਦੇ ਧਿਆਨ ਵਿਚ ਲਿਆ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਤੁਸੀਂ ਆਪ ਇਸ ਮਾਮਲੇ ਵਿਚ ਦਖਲ ਦੇਵੋ ਅਤੇ ਪੰਜਾਬ ਸਰਕਾਰ ਦੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕਰੋ ਕਿ ਉਹ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਤੇ ਅਮਲ ਯਕੀਨੀ ਬਣਾਉਣ।

ਉਸਾਰੂ ਹੁੰਘਾਰੇ ਦੀ ਉਡੀਕ ਵਿਚ।

ਪੰਜਾਬੀ ਭਾਸ਼ਾ ਦੇ ਹਿਤੂ

| | | |
|---|---|---|
| ਮਿੱਤਰ ਸੈਨ ਮੀਤ | [signature] | [signature] |
| (ਮਿੱਤਰ ਸੈਨ ਮੀਤ) | (ਸੁਖਇੰਦਰ ਪਾਲ ਸਿੰਘ) | (ਮਹਿੰਦਰ ਸਿੰਘ ਸੇਖੋਂ) |
| ਸਹਾਇਕ ਸੰਚਾਲਕ (ਕਾਨੂੰਨ) | ਸਹਾਇਕ ਸੰਚਾਲਕ (ਦਫ਼ਤਰ) | ਸਹਾਇਕ ਸੰਚਾਲਕ (ਲੋਕ ਸੰਪਰਕ) |

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ/ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:

1. ਮਾਣਯੋਗ ਰਾਜਪਾਲ, ਪੰਜਾਬ ਅਤੇ ਚਾਂਸਲਰ, ਪੰਜਾਬੀ ਯੂਨੀਵਰਸਿਟੀ, ਚੰਡੀਗੜ੍ਹ। admr-chd@nic.in
2. ਸ਼੍ਰੀਮਤੀ ਰਜ਼ੀਆ ਸੁਲਤਾਨਾ, ਮੰਤਰੀ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ।
3. ਸ੍ਰੀ ਐਸ.ਕੇ. ਸੰਧੂ, ਵਧੀਕ ਮੁੱਖ ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ।
   sk.sandhu87@ias.gov.in , pshe@punjab.gov.in;
4. ਸ੍ਰੀ ਵੀ.ਕੇ. ਮੀਨਾ, ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ।
   vk.meena97@ias.gov.in
5. ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ, ਪਟਿਆਲਾ। dir.lang@punjab.gov.in

ਨੱਥੀ: ਚਿੱਠੀ ਮਿਤੀ 26.12.2018

# ਪੰਜਾਬੀ ਭਾਸ਼ਾ ਪਾਸਾਰ ਭਾਈਚਾਰਾ

ਹਵਾਲਾ ਨੰ:..........................

ਮਿਤੀ :..............................


ਵੱਲ

ਉਪ ਕੁਲਪਤੀ ਸਾਹਿਬ
ਪੰਜਾਬੀ ਯੂਨੀਵਰਸਿਟੀ
ਪਟਿਆਲਾ। vc@pbi.ac.in

ਨੰ:ਪ.ਭ.ਪ.ਭ./70 ਮਿਤੀ: 26.12.2018

ਵਿਸ਼ਾ: ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਸਾਰੇ ਦਫ਼ਤਰੀ ਕੰਮ ਕਾਜ ਨੂੰ ਪੰਜਾਬੀ ਵਿਚ ਕੀਤੇ ਜਾਣ ਨੂੰ ਯਕੀਨੀ ਬਣਾਉਣ ਅਤੇ ਯੂਨੀਵਰਸਿਟੀ ਦੀ ਵੈਬਸਾਈਟ ਉੱਪਰ ਉਪਲਬਧ ਕਰਵਾਈ ਗਈ ਸੂਚਨਾ ਨੂੰ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਵਿਚ ਉਪਲਬਧ ਕਰਵਾਉਣ ਸਬੰਧੀ ਬੇਨਤੀ।

ਸ੍ਰੀ ਮਾਨ ਪ੍ਰੋ.(ਡਾ.) ਬੀ.ਐਸ. ਘੁੰਮਣ ਜੀ,

**ਭਾਗ-ੳ- ਪੰਜਾਬੀ ਯੂਨੀਵਰਸਿਟੀ ਦੀ ਸਥਾਪਨਾ ਦਾ ਉਦੇਸ਼**

ਆਪ ਜੀ ਨੂੰ ਯਾਦ ਕਰਵਾਇਆ ਜਾਂਦਾ ਹੈ ਕਿ:

1. ਪੰਜਾਬੀ ਯੂਨੀਵਰਸਿਟੀ ਦੀ ਸਥਾਪਨਾ 'ਪੰਜਾਬੀ ਯੂਨੀਵਰਸਿਟੀ ਐਕਟ 1961' ਅਧੀਨ ਹੋਈ ਸੀ। ਇਸ ਐਕਟ ਵਿਚ, ਇਸ ਯੂਨੀਵਰਸਿਟੀ ਦੀ ਸਥਾਪਨਾ ਦਾ ਉਦੇਸ਼ *'An Act to establish and incorporate a University for the achievement of Punjabi studies and development of Punjabi language as a medium of instructions or otherwise for providing instructions in humanistic and scientific subjects and generally for the promotion of education and research.'* ਦਰਜ ਹੈ।
2. ਪੰਜਾਬੀ ਯੂਨੀਵਰਸਿਟੀ ਦੀ ਵੈਬਸਾਈਟ ਉੱਪਰ ਵੀ 'ਪੰਜਾਬੀ ਯੂਨੀਵਰਿਸਟੀ, ਪਟਿਆਲਾ ਦੀ ਦ੍ਰਿਸ਼ਟੀ ਅਤੇ ਮੰਤਵ' ਸਿਰਲੇਖ ਹੇਠ ਯੂਨੀਵਰਸਿਟੀ ਦੀ ਸਥਾਪਨਾ ਦਾ ਮੰਤਵ 'ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਦਾ ਬਹੁ-ਪੱਖੀ ਵਿਕਾਸ ਕਰਨਾ ਅਤੇ **ਪੰਜਾਬੀ ਭਾਸ਼ਾ ਨੂੰ ਉਚੇਰੀ ਸਿੱਖਿਆ ਵਿੱਚ ਮਾਧਿਅਮ ਵਜੋਂ ਵਿਕਸਤ ਕਰਨਾ**, ਵੱਖ-ਵੱਖ ਵਿਸ਼ਿਆਂ ਦੇ ਇਮਤਿਹਾਨ ਪੰਜਾਬੀ ਭਾਸ਼ਾ ਵਿੱਚ ਲੈਣਾ ਖਾਸ ਕਰਕੇ ਇਸ ਵਿੱਚ ਉੱਚ ਸਿੱਖਿਆ ਤੇ ਖੋਜ ਦੀ ਤਰੱਕੀ ਕਰਨਾ ਹੈ।' ਦਰਸਾਇਆ ਗਿਆ ਹੈ।


PUNJABI BHASHA PASAAR BHAICHARA
ਸੰਪਰਕ/Contact : punjabibpbhaichara@gmail.com

3. ਉਪ ਕੁਲਪਤੀ ਦੇ ਸੰਦੇਸ਼ ਵਿਚ ਯੂਨੀਵਰਸਿਟੀ ਦੀ ਸਥਾਪਨਾ ਦੇ ਮੰਤਵਾਂ ਨੂੰ ਅਤੇ ਮੰਤਵਾਂ ਦੀ ਪ੍ਰਾਪਤੀ ਲਈ ਯੂਨੀਵਰਸਿਟੀ ਵੱਲੋਂ ਕੀਤੇ ਜਾ ਰਹੇ ਯਤਨਾਂ ਦੀ ਵਿਆਖਿਆ ਇੰਝ ਕੀਤੀ ਗਈ ਹੈ: "ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੀ ਸਥਾਪਨਾ 30 ਅਪ੍ਰੈਲ 1962 ਨੂੰ ਪੰਜਾਬੀ ਭਾਸ਼ਾ, ਸਾਹਿਤ ਅਤੇ ਸਭਿਆਚਾਰ ਦੇ ਪ੍ਰਚਾਰ ਪ੍ਰਸਾਰ ਲਈ ਕੀਤੀ ਗਈ। ਆਪਣੀ ਸਥਾਪਨਾ ਦੇ ਸਮੇਂ ਤੋਂ ਹੀ ਇਹ ਆਪਣੇ ਮੂਲ ਮਕਸਦ ਲਈ ਕਾਰਜਸ਼ੀਲ ਹੈ। ਮੈਂ ਆਪਣੇ ਆਪ ਨੂੰ ਅਥਾਹ ਮਾਣਮੱਤਾ ਮਹਿਸੂਸ ਕਰਦਾ ਹਾਂ ਕਿ ਮੈਨੂੰ ਆਪਣੀ ਇਸ ਵਿਦਿਅਕ ਭੂਮੀ ਵਿਚ ਕਾਰਜ ਕਰਨ ਦਾ ਅਵਸਰ ਪ੍ਰਾਪਤ ਹੋਇਆ। **ਇਜ਼ਰਾਈਲ ਦੀ ਹਿਬਰੋ ਯੂਨੀਵਰਸਿਟੀ ਤੋਂ ਬਾਅਦ ਇਹ ਸੰਸਾਰ ਦੀ ਦੂਜੀ ਯੂਨੀਵਰਸਿਟੀ ਹੈ, ਜਿਸ ਨੂੰ ਭਾਸ਼ਾ ਦੇ ਨਾਮ 'ਤੇ ਸਥਾਪਿਤ ਕੀਤਾ ਗਿਆ ਹੈ।** ਆਪਣੇ ਮੂਲ ਮਕਸਦ ਲਈ ਇਹ ਯੂਨੀਵਰਸਿਟੀ ਨਿਰੰਤਰ ਯਤਨਸ਼ੀਲ ਹੈ। ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਦੇ ਪ੍ਰਚਾਰ ਪ੍ਰਸਾਰ ਲਈ ਇਸ ਵਿਚ ਪੰਜਾਬੀ ਵਿਭਾਗ, ਪੰਜਾਬੀ ਸਾਹਿਤ ਅਧਿਐਨ ਵਿਭਾਗ, ਪੰਜਾਬੀ ਭਾਸ਼ਾ ਵਿਕਾਸ ਵਿਭਾਗ, ਭਾਸ਼ਾ ਵਿਗਿਆਨ ਅਤੇ ਪੰਜਾਬੀ ਕੋਸ਼ਕਾਰੀ ਵਿਭਾਗ ਹੋਣ ਦੇ ਨਾਲ ਪੰਜਾਬੀ ਭਾਸ਼ਾ ਦੇ ਤਕਨੀਕੀ ਵਿਕਾਸ ਲਈ ਪੰਜਾਬੀ ਭਾਸ਼ਾ ਤਕਨਾਲੋਜੀ ਲਈ ਖੋਜ ਕੇਂਦਰ ਵਿਭਾਗ ਅਤੇ ਪੰਜਾਬੀਪੀਡੀਆ ਕੇਂਦਰ ਕਾਰਜਸ਼ੀਲ ਹਨ। ਇਸ ਦੇ ਨਾਲ ਗੁਰਮਤਿ ਸਿੱਖਿਆ ਨੂੰ ਦੇਸ਼ਾਂ ਵਿਦੇਸ਼ਾਂ ਤੱਕ ਪਹੁੰਚਾਉਣ ਲਈ ਗੁਰਮਤਿ ਸੰਗੀਤ ਆਨ ਲਾਈਨ ਸਟੱਡੀ ਜਿਹੇ ਪ੍ਰੋਗਰਾਮ ਮਹੱਤਵਪੂਰਨ ਭੂਮਿਕਾ ਨਿਭਾ ਰਹੇ ਹਨ।"

4. ਉਕਤ ਪੈਰ੍ਹਾ ਨੰ:1, 2 ਅਤੇ 3 ਤੋਂ ਸਪੱਸ਼ਟ ਹੈ ਕਿ ਪੰਜਾਬੀ ਯੂਨੀਵਰਸਿਟੀ ਦੀ ਸਥਾਪਨਾ **ਕੇਵਲ ਅਤੇ ਕੇਵਲ ਪੰਜਾਬੀ** ਭਾਸ਼ਾ ਨੂੰ ਉਚੇਰੀ ਸਿੱਖਿਆ ਵਿੱਚ ਮਾਧਿਅਮ ਵਜੋਂ ਵਿਕਸਤ ਕਰਨਾ **(for the achievement of Punjabi studies and development of Punjabi language as a medium of instructions)** ਹੈ।

**ਭਾਗ ਅ- ਪੰਜਾਬੀ ਨੂੰ ਰਾਜ ਭਾਸ਼ਾ ਦਾ ਦਰਜਾ ਦੇਣ ਵਾਲੇ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਮਹੱਤਵਪੂਰਨ ਵਿਵੱਸਥਾਵਾਂ ਅਤੇ ਪੰਜਾਬ ਸਰਕਾਰ ਦਾ ਮਿਤੀ 05 ਸਤੰਬਰ 2018 ਦਾ ਨਵਾਂ ਹੁਕਮ**

ਆਪ ਜੀ ਦਾ ਧਿਆਨ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਕੁਝ ਹੇਠ ਲਿਖੀਆਂ ਮਹੱਤਵਪੂਰਨ ਵਿਵੱਸਥਾਵਾਂ ਵੱਲ ਵੀ ਦਿਵਾਇਆ ਜਾਂਦਾ ਹੈ:

1. 49 ਸਾਲ ਪਹਿਲਾਂ ਪੰਜਾਬ ਰਾਜ ਭਾਸ਼ਾ ਐਕਟ 1967 ਦੀ ਧਾਰਾ 3 ਰਾਹੀਂ, **ਪੰਜਾਬੀ ਭਾਸ਼ਾ ਨੂੰ ਪੰਜਾਬ ਰਾਜ ਦੀ ਰਾਜ ਭਾਸ਼ਾ** ਦਾ ਦਰਜਾ ਦਿੱਤਾ ਗਿਆ ਸੀ। ਸਾਲ 2008 ਵਿਚ 'ਰਾਜ ਭਾਸ਼ਾ (ਤਰਮੀਮ) ਐਕਟ 2008' ਰਾਹੀਂ ਇਸ ਐਕਟ ਵਿਚ ਮਹੱਤਵਪੂਰਨ ਸੋਧਾਂ ਹੋਈਆਂ। ਨਵੀਂ ਜੋੜੀ ਧਾਰਾ 3(ਅ) ਰਾਹੀਂ 'ਰਾਜ ਸਰਕਾਰ ਦੇ ਅਤੇ ਸਰਕਾਰੀ ਖੇਤਰ ਦੇ ਸਾਰੇ ਅਦਾਰਿਆਂ ਵਿਚ ਸਾਰਾ ਦਫ਼ਤਰੀ ਕੰਮ-ਕਾਜ ਪੰਜਾਬੀ ਵਿਚ ਕੀਤੇ ਜਾਣਾ ਜ਼ਰੂਰੀ' ਕੀਤਾ ਗਿਆ। ਇਸ ਵਿਵਸਥਾ ਦੀ ਇਬਾਰਤ ਇਹ ਹੈ:

**"ਧਾਰਾ 3(ਅ) - ਰਾਜ ਸਰਕਾਰ ਦੇ ਅਤੇ ਸਰਕਾਰੀ ਖੇਤਰ ਦੇ ਅਦਾਰਿਆਂ ਦੇ ਦਫ਼ਤਰਾਂ ਆਦਿ ਵਿਚ ਪੰਜਾਬੀ ਦੀ ਵਰਤੋਂ ਬਾਰੇ**

**"ਧਾਰਾ 3(ਅ):** ਪੰਜਾਬ ਸਰਕਾਰ ਦੇ ਸਾਰੇ ਦਫ਼ਤਰਾਂ, ਸਰਕਾਰੀ ਖੇਤਰ ਦੇ ਅਦਾਰਿਆਂ, ਬੋਰਡਾਂ ਅਤੇ ਲੋਕਲ ਬਾਡੀਜ਼ ਅਤੇ ਰਾਜ ਦੇ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਦੇ ਦਫ਼ਤਰਾਂ ਵਿਚ ਸਾਰਾ ਕੰਮ-ਕਾਜ ਪੰਜਾਬੀ ਵਿਚ ਕੀਤਾ ਜਾਵੇਗਾ।"

2. 2008 ਦੇ ਇਸੇ ਸੋਧ ਐਕਟ ਦੀ ਧਾਰਾ 8(ੳ) ਰਾਹੀਂ, ਡਾਇਰੈਕਟਰ ਭਾਸ਼ਾ ਵਿਭਾਗ (ਅਤੇ ਅਗਾਂਹ ਜ਼ਿਲ੍ਹਾ ਸਿੱਖਿਆ ਅਫ਼ਸਰਾਂ) ਨੂੰ ਪੰਜਾਬ ਸਰਕਾਰ ਦੇ ਦਫ਼ਤਰਾਂ ਵਿਚ, ਕੰਮ-ਕਾਜ ਪੰਜਾਬੀ ਭਾਸ਼ਾ ਵਿਚ ਹੁੰਦਾ ਹੈ ਜਾਂ ਨਹੀਂ, ਇਸ ਤੱਥ ਦੀ ਪੜਤਾਲ ਕਰਨ ਦਾ ਅਧਿਕਾਰ ਦਿੱਤਾ ਗਿਆ। ਇਸ ਵਿਵਸਥਾ ਦੀ ਇਬਾਰਤ ਇਹ ਹੈ:

**"ਧਾਰਾ 8 (ੳ): ਸਮੀਖਿਆ ਦਾ ਅਧਿਕਾਰ:** ਡਾਇਰੈਕਟਰ ਭਾਸ਼ਾ ਵਿਭਾਗ ਜਾਂ ਉਸ ਦੇ ਅਧੀਨ ਅਤੇ ਇਸ ਮੰਤਵ ਲਈ ਉਸ ਵੱਲੋਂ ਨਾਮਜ਼ਦ ਕੀਤੇ ਗਏ ਅਫਸਰਾਂ ਕੋਲ ਇਸ ਐਕਟ ਦੀਆਂ ਧਾਰਾਵਾਂ 3(ੳ) ਅਤੇ 3(ਅ) ਦੀ ਪਾਲਣਾ ਦਾ ਪਤਾ ਲਗਾਉਣ ਵਾਸਤੇ ਰਾਜ ਸਰਕਾਰ ਦੇ ਸਰਕਾਰੀ ਦਫ਼ਤਰਾਂ, ਜਨਤਕ ਅਦਾਰਿਆਂ, ਬੋਰਡਾਂ, ਕਾਰਪੋਰੇਸ਼ਨਾਂ ਅਤੇ ਸਕੂਲਾਂ, ਕਾਲਜਾਂ, **ਯੂਨੀਵਰਸਿਟੀਆਂ** ਆਦਿ ਦਫ਼ਤਰਾਂ ਦਾ ਮੁਆਇਨਾ ਕਰਨ ਦਾ ਅਧਿਕਾਰ ਹੋਵੇਗਾ। ਦਫ਼ਤਰ ਦਾ ਦਫ਼ਤਰੀ ਰਿਕਾਰਡ ਰੱਖਣ ਵਾਲੇ ਅਫ਼ਸਰ ਆਪਣੇ ਕਬਜੇ ਹੇਠਲਾ ਸਾਰਾ ਰਿਕਾਰਡ ਮੁਆਇਨਾ ਕਰਨ ਵਾਲੇ ਡਾਇਰੈਕਟਰ ਜਾਂ ਅਫ਼ਸਰ ਨੂੰ ਮੁਹੱਈਆ ਕਰਾਉਣਗੇ।"

3. ਸਾਲ 2008 ਦੇ ਇਸੇ ਸੋਧ ਐਕਟ ਦੀ ਧਾਰਾ 8(ਸ) ਰਾਹੀਂ, ਉਹਨਾਂ ਕਰਮਚਾਰੀਆਂ/ ਅਧਿਕਾਰੀਆਂ ਨੂੰ ਸਜ਼ਾ ਦੇਣ ਦੀ ਵਿਵਸਥਾ ਵੀ ਕੀਤੀ ਗਈ ਹੈ ਜੋ ਆਪਣਾ ਦਫ਼ਤਰੀ ਕੰਮ-ਕਾਜ ਪੰਜਾਬੀ ਵਿਚ ਨਹੀਂ ਕਰਨਗੇ। ਇਸ ਵਿਵਸਥਾ ਦੀ ਇਬਾਰਤ ਇਹ ਹੈ:

"**ਧਾਰਾ 8(ਸ) ਸਜ਼ਾਵਾਂ-** ਜੇਕਰ ਕੋਈ ਅਧਿਕਾਰੀ ਜਾਂ ਕਰਮਚਾਰੀ ਇਸ ਐਕਟ ਦੀਆਂ ਧਾਰਾਵਾਂ ਜਾਂ ਇਹਨਾਂ ਤਹਿਤ ਕੀਤੇ ਨੋਟੀਫਿਕੇਸ਼ਨਾਂ ਦੀ ਵਾਰ ਵਾਰ ਉਲੰਘਣਾ ਕਰਦਾ ਪਾਇਆ ਗਿਆ ਤਾਂ ਉਹ ਪੰਜਾਬ ਸਿਵਲ ਸੇਵਾਵਾਂ (ਦੰਡ ਅਤੇ ਅਪੀਲ) ਨਿਯਮ, 1970 ਦੇ ਤਹਿਤ ਕਾਰਵਾਈ ਕੀਤੇ ਜਾਣ ਦਾ ਭਾਗੀ ਹੋਵੇਗਾ।"

ਉਪਰੋਕਤ ਉਪ ਧਾਰਾ (1) ਤਹਿਤ ਕਸੂਰਵਾਰ ਅਧਿਕਾਰੀ ਜਾਂ ਕਰਮਚਾਰੀ ਵਿਰੁੱਧ ਸਬੰਧਤ ਕੰਪੀਟੈਂਟ ਅਥਾਰਟੀ, ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ ਦੀਆਂ ਸਿਫ਼ਾਰਸ਼ਾਂ ਅਨੁਸਾਰ ਕਰੇਗੀ।

ਬਸ਼ਰਤੇ ਕਿ ਅਜਿਹੀ ਕਾਰਵਾਈ ਤੋਂ ਪਹਿਲਾਂ ਸਬੰਧਤ ਅਧਿਕਾਰੀ ਜਾਂ ਕਰਮਚਾਰੀ ਨੂੰ ਸੁਣੇ ਜਾਣ ਦਾ ਮੌਕਾ ਦਿੱਤਾ ਜਾਵੇਗਾ।'

4. ਪੰਜਾਬ ਸਰਕਾਰ ਵੱਲੋਂ ਇਹ ਕਾਨੂੰਨ ਤਾਂ ਬਣਾ ਦਿੱਤੇ ਗਏ ਪਰ ਇਹਨਾਂ ਤੇ ਅਮਲ ਨਹੀਂ ਹੋਇਆ। ਉਲਟਾ ਪੰਜਾਬੀ ਦੀ ਥਾਂ ਅੰਗਰੇਜ਼ੀ ਵਿਚ ਵੱਧ ਕੰਮ-ਕਾਜ ਹੋਣ ਲੱਗ ਪਿਆ। ਪੰਜਾਬੀ ਭਾਸ਼ਾ ਨਾਲ ਹੁੰਦੀ ਇਸ ਜ਼ਿਆਦਤੀ ਵਿਰੁੱਧ ਕੁਝ ਸੰਸਥਾਵਾਂ (ਵਿਸ਼ੇਸ਼ ਕਰਕੇ ਗੁਰੂ ਗੋਬਿੰਦ ਸਿੰਘ ਸਟਡੀ ਸਰਕਲ) ਨੇ ਪੰਜਾਬ ਸਰਕਾਰ ਨਾਲ ਰਾਬਤਾ ਕਾਇਮ ਕੀਤਾ ਅਤੇ ਇਹਨਾਂ ਵਿਵਸਥਾਵਾਂ ਨੂੰ ਲਾਗੂ ਕਰਾਉਣ ਲਈ ਦਬਾਅ ਪਾਇਆ। ਸ੍ਰੀ ਹਰੀ ਚੰਦ ਅਰੋੜਾ, ਸੀਨੀਅਰ ਐਡਵੋਕੇਟ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਕਾਨੂੰਨ ਦੀਆਂ ਇਹਨਾਂ ਵਿਵਸਥਾਵਾਂ ਦੀ ਹੋ ਰਹੀ ਘੋਰ ਉਲੰਘਣਾ ਬਾਰੇ ਪੰਜਾਬ ਸਰਕਾਰ ਨੂੰ **20 ਦੇ ਕਰੀਬ ਕਾਨੂੰਨੀ ਨੋਟਿਸ** ਦਿੱਤੇ ਗਏ। ਦਬਾਵਾਂ ਹੇਠ ਆਈ ਪੰਜਾਬ ਸਰਕਾਰ ਨੇ ਆਪਣੇ ਪ੍ਰਸ਼ਾਸਨਿਕ ਅਧਿਕਾਰੀਆਂ ਲਈ ਮਿਤੀ 05.09.2018 ਨੂੰ ਇੱਕ ਹੁਕਮ ਜਾਰੀ ਕੀਤਾ ਅਤੇ

ਹਦਾਇਤ ਕੀਤੀ ਕਿ 'ਪੰਜਾਬ ਸਰਕਾਰ ਦੇ ਸਾਰੇ ਦਫ਼ਤਰਾਂ ਵਿਚ ਸਾਰਾ ਕੰਮ-ਕਾਜ ਪੰਜਾਬੀ ਵਿਚ ਕੀਤਾ ਜਾਵੇ।' ਹੁਕਮ ਦੀਆਂ ਸਬੰਧਤ ਸਤਰਾਂ ਹੇਠ ਲਿਖੇ ਅਨੁਸਾਰ ਹਨ:

"ਇਸ ਲਈ ਆਪ ਨੂੰ ਮੁੜ ਬੇਨਤੀ ਕੀਤੀ ਜਾਂਦੀ ਹੈ ਕਿ **ਸਰਕਾਰ ਦੇ ਸਾਰੇ ਦਫ਼ਤਰਾਂ, ਬੋਰਡਾਂ, ਕਾਰਪੋਰੇਸ਼ਨਾਂ** ਦਾ ਸਮੁੱਚਾ ਦਫ਼ਤਰੀ ਕੰਮ-ਕਾਜ, ਭਾਰਤ ਸਰਕਾਰ ਅਤੇ ਦੂਜੇ ਰਾਜਾਂ ਨਾਲ ਕੀਤੀ ਜਾਣ ਵਾਲੀ ਲਿਖਾ-ਪੜ੍ਹੀ ਨੂੰ ਛੱਡ ਕੇ, **ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ, 2008 ਦੇ ਉਪਬੰਧਾਂ ਅਨੁਸਾਰ ਕੇਵਲ ਪੰਜਾਬੀ ਭਾਸ਼ਾ ਵਿਚ ਹੀ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ।"**

5. ਇਸ ਮਹੱਤਵਪੂਰਨ ਹੁਕਮ ਰਾਹੀਂ ਪੰਜਾਬ ਸਰਕਾਰ ਨੇ ਆਪਣੇ ਦਫ਼ਤਰਾਂ ਦੇ ਮੁਖੀਆਂ ਨੂੰ ਇਹ ਹਦਾਇਤ ਵੀ ਜਾਰੀ ਕੀਤੀ ਹੈ ਕਿ ਉਹ ਆਪਣੀਆਂ ਇੰਟਰਨੈਟ ਤੇ ਪਾਈਆਂ ਵੈਬਸਾਈਟਾਂ ਵਿਚ ਉਪਲਬਧ ਕਰਵਾਈ ਗਈ ਸੂਚਨਾ, ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਭਾਸ਼ਾ ਵਿਚ ਵੀ ਉਪਲਬਧ ਕਰਾਉਣ। ਹੁਕਮ ਦੀਆਂ ਸਬੰਧਤ ਸਤਰਾਂ ਹੇਠ ਲਿਖੇ ਅਨੁਸਾਰ ਹਨ:

"ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਵਿਭਾਗਾਂ ਰਾਹੀਂ ਚਲਾਈਆਂ ਜਾ ਰਹੀਆਂ ਸਕੀਮਾਂ ਜ਼ਿਆਦਾਤਰ ਪੰਜਾਬ ਦੀ ਆਮ ਜਨਤਾ ਲਈ ਹੀ ਹਨ। ਇਸ ਲਈ ਸਮੂਹ ਵਿਭਾਗਾਂ, ਬੋਰਡਾਂ ਅਤੇ ਕਾਰਪੋਰੇਸ਼ਨਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ **ਆਪਣੀਆਂ ਵੈਬਸਾਈਟਾਂ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਭਾਸ਼ਾ ਵਿਚ (ਭਾਵ ਦੋਨੋਂ ਭਾਸ਼ਾਵਾਂ ਵਿਚ) ਤਿਆਰ ਕਰਕੇ ਅਪਲੋਡ ਕਰਨ ਤਾਂ ਜੋ ਪੰਜਾਬ ਵਾਸੀ ਇਨ੍ਹਾਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾ ਸਕਣ।"**

**ਨੋਟ:** ਕਿਸੇ ਵਿਭਾਗ ਵੱਲੋਂ ਆਪਣੀ ਵੈਬਸਾਈਟ ਤੇ ਉਪਲਬਧ ਕਰਾਈ ਗਈ ਸੂਚਨਾ ਉਸ ਦੇ 'ਦਫ਼ਤਰੀ ਕੰਮ ਕਾਜ' ਦਾ ਹਿੱਸਾ ਹੈ।

**ਭਾਗ ੲ- ਪੰਜਾਬੀ ਯੂਨੀਵਰਸਿਟੀ ਵੱਲੋਂ ਆਪਣੇ ਉਦੇਸ਼ ਤੋਂ ਭਟਕਣ ਅਤੇ ਕਾਨੂੰਨ ਦੀਆਂ ਵਿਵਸਥਾਵਾਂ ਦੀ ਘੋਰ ਉਲੰਘਣਾ ਦੀਆਂ ਕੁਝ ਉਦਾਹਰਣਾਂ**

1. ਪੰਜਾਬੀ ਯੂਨੀਵਰਸਿਟੀ ਵੱਲੋਂ ਆਪਣਾ ਸਾਰਾ ਦਫ਼ਤਰੀ ਕੰਮ ਕਾਜ ਪੰਜਾਬੀ ਵਿਚ ਨਹੀਂ ਕੀਤਾ ਜਾਂਦਾ। ਵਿਦਿਆਰਥੀਆਂ ਦੇ ਕਿਸੇ ਡਿਗਰੀ ਦੇ ਇਮਤਿਹਾਨ ਪਾਸ ਕਰਨ ਬਾਅਦ ਯੂਨੀਵਰਸਿਟੀ ਵੱਲੋਂ ਜੋ ਨਤੀਜਾ ਅਤੇ ਦਰਜਾ ਪੱਤਰ ਦਿੱਤਾ ਜਾਂਦਾ ਹੈ ਉਹ 'ਕੇਵਲ ਅੰਗਰੇਜ਼ੀ ਭਾਸ਼ਾ' ਵਿਚ ਹੁੰਦਾ ਹੈ। ਉਦਾਹਰਣ ਲਈ ਯੂਨੀਵਰਸਿਟੀ ਵੱਲੋਂ ਐਮ.ਐਡ. ਰੈਗੂਲਰ ਪਾਰਟ-। (ਸਮੈਸਟਰ-॥) ਲਈ ਮਈ 2018 ਵਿਚ ਲਏ ਗਏ ਇਮਤਿਹਾਨ ਲਈ ਵਿਦਿਆਰਥੀਆਂ ਨੂੰ ਜੋ ਰਿਜ਼ਲਟ-ਕਮ-ਗਰੇਡ ਕਾਰਡ ਦਿੱਤੇ ਗਏ ਹਨ ਉਹ ਕੇਵਲ ਅੰਗਰੇਜ਼ੀ ਵਿਚ ਹਨ। ਸਬੂਤ ਵਜੋਂ ਰਿਜ਼ਲਟ-ਕਮ-ਗਰੇਡ ਕਾਰਡ ਜਿਸ ਦਾ ਸੀਰੀਅਲ ਨੰ:46436 ਹੈ, ਨੱਥੀ ਕੀਤਾ ਜਾਂਦਾ ਹੈ।
2. ਲੋਕਾਂ ਦੀ ਸਹੂਲਤ ਲਈ ਪੰਜਾਬੀ ਯੂਨੀਵਰਸਿਟੀ ਵੱਲੋਂ ਆਪਣੀ ਜੋ ਵੈਬਸਾਈਟ ਤਿਆਰ ਕੀਤੀ ਗਈ ਹੈ (ਜੋ ਇਸ ਦੇ ਦਫ਼ਤਰੀ ਕੰਮ ਕਾਜ ਦਾ ਹਿੱਸਾ) ਉਸ ਰਾਹੀਂ ਜੋ ਸੂਚਨਾ ਉਪਲਬਧ ਕਰਵਾਈ ਗਈ ਹੈ, ਉਸ ਦੀ ਪੰਜਾਬੀ ਭਾਸ਼ਾ ਦੀ ਵਰਤੋਂ ਦੇ ਸੰਦਰਭ ਵਿਚ ਸਥਿਤੀ ਹੇਠ ਲਿਖੇ ਅਨੁਸਾਰ ਹੈ:

(ੳ) ਅੱਧੀਆਂ ਤੋਂ ਵੱਧ ਕੈਟਾਗਰੀਆਂ (ਸ਼੍ਰੇਣੀਆਂ) ਅਤੇ ਮੈਨੂਆਂ ਵਿਚ ਉਪਲਬਧ ਕਰਵਾਈ ਗਈ ਸੂਚਨਾ ਦੀ ਭਾਸ਼ਾ 'ਕੇਵਲ ਅੰਗਰੇਜ਼ੀ' ਹੈ। ਉਦਾਹਰਣ '**Online holiday home booking and information portal, library,**

finishing school, download centre, UGC notification, important University notices, tenders and vacancies.' ਕੈਟਾਗਰੀਆਂ (ਸ਼੍ਰੇਣੀਆਂ) ਅਤੇ ਮੈਨੂਆਂ ਦੀ ਲਈ ਜਾ ਸਕਦੀ ਹੈ।

(ਅ) ਜਿਨ੍ਹਾਂ ਕੈਟਾਗਰੀਆਂ (ਸ਼੍ਰੇਣੀਆਂ) ਅਤੇ ਮੈਨੂਆਂ ਵਿਚ ਅੰਗਰੇਜ਼ੀ ਅਤੇ ਪੰਜਾਬੀ ਦੋਹਾਂ ਭਾਸ਼ਾਵਾਂ ਦੀ ਵਰਤੋਂ ਕੀਤੀ ਗਈ ਹੈ ਉਨ੍ਹਾਂ ਵਿਚ ਅੰਗਰੇਜ਼ੀ ਉੱਪਰ ਅਤੇ ਪੰਜਾਬੀ ਹੇਠਾਂ ਰੱਖੀ ਗਈ ਹੈ। ਉਦਾਹਰਣ Student Application/Activities Forms **ਵਿਦਿਆਰਥੀ ਐਪਲੀਕੇਸ਼ਨ/ਸਰਗਰਮੀਆਂ ਫਾਰਮ** ਮੈਨਯੂ ਦੀ ਲਈ ਜਾ ਸਕਦੀ ਹੈ।

(ੲ) ਪੰਜਾਬੀ ਵਿਚ ਉਪਲਬਧ ਕਰਵਾਈ ਗਈ ਸੂਚਨਾ ਵਿਚ ਪੰਜਾਬੀ ਸ਼ਬਦਾਂ ਦੀ ਥਾਂ ਇੰਨ-ਬਿੰਨ ਅੰਗਰੇਜ਼ੀ ਸ਼ਬਦਾਂ ਦੀ ਵਰਤੋਂ ਕੀਤੀ ਗਈ ਹੈ। ਉਦਾਹਰਣ ਲਈ ਵੈਬਸਾਈਟ ਦੇ ਪਹਿਲੇ ਪੰਨੇ ਉੱਪਰ ਹੀ Important links ਦੇ ਸਿਰਲੇਖ ਹੇਠ ਜਿਨ੍ਹਾਂ ਲਿੰਕਾਂ ਦਾ ਜ਼ਿਕਰ ਕੀਤਾ ਗਿਆ ਹੈ ਉਹ ਹਨ 'ਕੰਸਟੀਚੂਐਂਟ, ਡਿਸਟੈਂਸ ਐਜੂਕੇਸ਼ਨ, ਨੇਬਰਹੁੱਡ ਕੈਂਪਸ, ਫੋਟੋ ਗੈਲਰੀ, ਰੀਜਨਲ ਸੈਂਟਰ, ਟੀਚਿੰਗ ਅਤੇ ਰਿਸਰਚ, ਪਲੇਸਮੈਂਟ, ਡਾਊਨਲੋਡ ਸੈਂਟਰ, ਟੈਂਡਰ' ਆਦਿ।

(ਸ) ਪੰਜਾਬੀ ਭਾਸ਼ਾ ਵਿਚ ਲਿਖੀ ਸੂਚਨਾ ਦੀ ਇਬਾਰਤ ਵਿਚ ਵੱਡੀ ਗਿਣਤੀ ਵਿਚ ਅੰਗਰੇਜ਼ੀ ਸ਼ਬਦਾਂ ਦੀ ਵਰਤੋਂ ਕੀਤੀ ਗਈ ਹੈ। ਉਦਾਹਰਣ Download Syllabus ਕੈਟਾਗਰੀ ਦੀ ਲਈ ਜਾ ਸਕਦੀ ਹੈ ਜਿਸ ਦੀ ਇਬਾਰਤ ਹੇਠ ਲਿਖੇ ਅਨੁਸਾਰ ਹੈ:

'ਜ਼ਰੂਰੀ ਸੂਚਨਾ

ਵਿਦਿਆਰਥੀਆਂ ਦੀ ਜਾਣਕਾਰੀ ਹਿੱਤ ਦੱਸਿਆ ਜਾਂਦਾ ਹੈ ਕਿ **ਸਮੈਸਟਰ**/ਸਲਾਨਾ ਪ੍ਰੀਖਿਆਵਾਂ ਅਧੀਨ **ਅਪੀਅਰ** ਹੋਣ ਵਾਲੇ **ਰੀ-ਅਪੀਅਰ**, **ਫੇਲ**, **ਇੰਪਰੂਵਮੈਂਟ** ਅਤੇ **ਐਡੀਸ਼ਨਲ** ਵਿਦਿਆਰਥੀਆਂ ਲਈ ਨਵਾਂ **ਸਿਲੇਬਸ** ਲਾਗੂ ਹੋਵੇਗਾ। ਸਿਲੇਬਸ ਵਿੱਚ **ਨੋਮੀਕਲੇਚਰ** ਵਿੱਚ ਬਦਲਾਵ ਜਾਂ ਦੁਹਰਾਵ ਹੋਣ ਦੀ ਸੂਰਤ ਵਿੱਚ ਪ੍ਰੀਖਿਆ ਸ਼ਾਖਾ ਨਾਲ ਸੰਪਰਕ ਕੀਤਾ ਜਾਵੇ।' (4 ਲਾਈਨਾਂ ਵਿਚ 8 ਅੰਗਰੇਜ਼ੀ ਸ਼ਬਦਾਂ ਦਾ ਪ੍ਰਯੋਗ)

**ਭਾਗ ਸ- ਉਪ ਕੁਲਪਤੀ ਸਾਹਿਬ ਨੂੰ ਆਪਣੇ ਕਾਨੂੰਨੀ ਫ਼ਰਜ਼ਾਂ ਨੂੰ ਪਹਿਚਾਣ ਕੇ, ਯੂਨੀਵਰਸਿਟੀ ਦੇ ਉਦੇਸ਼ਾਂ ਦੀ ਪੂਰਤੀ ਅਤੇ ਰਾਜ ਭਾਸ਼ਾ ਐਕਟ ਦੀਆਂ ਵਿਵਸਥਾਵਾਂ ਨੂੰ ਇੰਨ-ਬਿੰਨ ਲਾਗੂ ਕਰਕੇ, ਮਾਂ ਬੋਲੀ ਦੇ ਪਸਾਰ ਅਤੇ ਪ੍ਰਚਾਰ ਲਈ ਬਣਦਾ ਯੋਗਦਾਨ ਪਾਉਣ ਲਈ ਬੇਨਤੀ**

ਪੰਜਾਬੀ ਭਾਸ਼ਾ ਪਸਾਰ ਭਾਈਚਾਰਾ ਆਪ ਜੀ ਨੂੰ ਹੇਠ ਲਿਖੇ ਅਨੁਸਾਰ ਬੇਨਤੀ ਕਰਦਾ ਹੈ:

1. ਉਪ ਕੁਲਪਤੀ ਸਾਹਿਬ ਦੇ ਕਥਨ ਅਨੁਸਾਰ ਪੰਜਾਬੀ ਭਾਸ਼ਾ ਦੇ ਪਸਾਰ ਅਤੇ ਪ੍ਰਚਾਰ ਲਈ ਪੰਜਾਬੀ ਯੂਨੀਵਰਸਿਟੀ ਵਿਚ ਪੰਜ ਵਿਭਾਗ ਸਥਾਪਤ ਹਨ। (ਪੰਜਾਬੀ ਵਿਭਾਗ, ਪੰਜਾਬੀ ਸਾਹਿਤ ਅਧਿਐਨ ਵਿਭਾਗ, ਪੰਜਾਬੀ ਭਾਸ਼ਾ ਵਿਕਾਸ ਵਿਭਾਗ, ਭਾਸ਼ਾ ਵਿਗਿਆਨ, ਪੰਜਾਬੀ ਕੋਸ਼ਕਾਰੀ ਵਿਭਾਗ, ਪੰਜਾਬੀ ਭਾਸ਼ਾ ਤਕਨਾਲੋਜੀ ਖੋਜ ਕੇਂਦਰ ਵਿਭਾਗ)। ਇੰਨੇ ਤਜਰਬੇਕਾਰ ਅਮਲੇ ਫੈਲੇ ਦੇ ਬਾਵਜੂਦ, ਪੰਜਾਬੀ ਯੂਨੀਵਰਸਿਟੀ ਨੇ ਆਪਣੀ ਵੈਬਸਾਈਟ ਤੇ ਜੋ ਸੂਚਨਾ ਉਪਲਬਧ ਕਰਵਾਈ ਹੈ ਉਹ ਅੱਧੀ ਤੋਂ ਵੱਧ ਕੇਵਲ ਅੰਗਰੇਜ਼ੀ ਵਿਚ ਹੈ। ਜਦੋਂਕਿ ਅੰਗਰੇਜ਼ੀ ਦੇ ਨਾਲ-ਨਾਲ ਇਹ ਸੂਚਨਾ ਪੰਜਾਬੀ ਭਾਸ਼ਾ ਵਿਚ ਵੀ ਹੋਣੀ ਚਾਹੀਦੀ ਸੀ। ਕ੍ਰਿਪਾ ਕਰਕੇ ਪੰਜਾਬੀ ਭਾਸ਼ਾ ਦੇ ਪਸਾਰ ਲਈ ਸਥਾਪਤ ਇਨ੍ਹਾਂ ਵਿਭਾਗਾਂ ਨੂੰ ਸਰਗਰਮ ਕਰਕੇ ਪੰਜਾਬੀ ਭਾਸ਼ਾ ਦਾ ਵਿਕਾਸ ਯਕੀਨੀ ਬਣਾਇਆ ਜਾਵੇ।

2. ਪੰਜਾਬੀ ਭਾਸ਼ਾ ਤਕਨਾਲੋਜੀ ਖੋਜ ਕੇਂਦਰ ਹੋਣ ਦੇ ਬਾਵਜੂਦ ਪੰਜਾਬੀ ਯੂਨੀਵਰਸਿਟੀ 'ਕੰਸਟੀਚੂਐਂਟ, ਡਿਸਟੈਂਸ ਐਜੂਕੇਸ਼ਨ, ਨੇਬਰਹੁੱਡ ਕੈਂਪਸ, ਫੋਟੋ ਗੈਲਰੀ, ਰੀਜਨਲ ਸੈਂਟਰ, ਟੀਚਿੰਗ ਅਤੇ ਰਿਸਰਚ, ਪਲੇਸਮੈਂਟ, ਡਾਊਨਲੋਡ ਸੈਂਟਰ, ਟੈਂਡਰ' ਆਦਿ ਲਈ ਪੰਜਾਬੀ ਭਾਸ਼ਾ ਵਿਚ ਉਪਲਬਧ ਸੌਖੇ ਸ਼ਬਦਾਂ ਦੀ ਵਰਤੋਂ ਕਰਨ ਵਿਚ ਅਸਫਲ ਰਹੀ ਹੈ। ਇਸ ਵਿਭਾਗ ਨੂੰ ਵੀ ਦਿਸ਼ਾ-ਨਿਰਦੇਸ਼ ਦੇ ਕੇ ਪੰਜਾਬੀ ਭਾਸ਼ਾ ਦਾ ਸਹੀ ਅਰਥਾਂ ਵਿਚ ਤਕਨੀਕੀ ਵਿਕਾਸ ਯਕੀਨੀ ਬਣਾਇਆ ਜਾਵੇ।
3. ਪੰਜਾਬੀ ਭਾਸ਼ਾ ਵਿਚ ਲਿਖੀਆਂ ਚਾਰ ਲਾਈਨਾਂ ਦੀ ਇਬਾਰਤ ਵਿਚ ਯੂਨੀਵਰਸਿਟੀ ਦੇ ਅਨੁਵਾਦਕਾਂ ਵੱਲੋਂ ਵਰਤੇ ਅੰਗਰੇਜ਼ੀ ਦੇ ਅੱਠ ਸ਼ਬਦਾਂ ਤੋਂ ਅਨੁਵਾਦਕਾਂ ਦੇ ਨਿਸਲ ਹੋਣ ਦਾ ਸਬੂਤ ਮਿਲਦਾ ਹੈ। ਅਨੁਵਾਦਕਾਂ ਨੂੰ ਆਪਣੇ ਫ਼ਰਜ਼ਾਂ ਦੀ ਪਹਿਚਾਣ ਕਰਵਾ ਕੇ ਪੰਜਾਬੀ ਭਾਸ਼ਾ ਦਾ ਵਿਕਾਸ ਯਕੀਨੀ ਬਣਾਇਆ ਜਾਵੇ।

ਉਸਾਰੂ ਹੁੰਘਾਰੇ ਦੀ ਉਡੀਕ ਵਿਚ।

| ਮਿੱਤਰ ਸੈਨ ਮੀਤ | | |
|---|---|---|
| (ਮਿੱਤਰ ਸੈਨ ਮੀਤ) | (ਸੁਖਇੰਦਰ ਪਾਲ ਸਿੰਘ) | (ਮਹਿੰਦਰ ਸਿੰਘ ਸੇਖੋਂ) |
| ਸਹਾਇਕ ਸੰਚਾਲਕ (ਕਾਨੂੰਨ) | ਸਹਾਇਕ ਸੰਚਾਲਕ (ਦਫ਼ਤਰ) | ਸਹਾਇਕ ਸੰਚਾਲਕ (ਲੋਕ ਸੰਪਰਕ) |

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ/ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:

1. ਮਾਣਯੋਗ ਰਾਜਪਾਲ, ਪੰਜਾਬ ਅਤੇ ਚਾਂਸਲਰ, ਪੰਜਾਬੀ ਯੂਨੀਵਰਸਿਟੀ, ਚੰਡੀਗੜ੍ਹ। admr-chd@nic.in
2. ਮਾਣਯੋਗ ਮੁੱਖ ਮੰਤਰੀ, ਪੰਜਾਬ। cmo@punjab.gov.in
3. ਸ਼੍ਰੀਮਤੀ ਰਜ਼ੀਆ ਸੁਲਤਾਨਾ, ਮੰਤਰੀ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ।
4. ਸ੍ਰੀ ਐਸ.ਕੇ. ਸੰਧੂ, ਵਧੀਕ ਮੁੱਖ ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ। sk.sandhu87@ias.gov.in , pshe@punjab.gov.in;
5. ਸ੍ਰੀ ਵੀ.ਕੇ. ਮੀਨਾ, ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ। vk.meena97@ias.gov.in
6. ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ, ਪਟਿਆਲਾ। dir.lang@punjab.gov.in

Sr.No. 46436

# ਪੰਜਾਬੀ ਯੂਨੀਵਰਸਿਟੀ, ਪਟਿਆਲਾ

(1961 ਦੇ ਪੰਜਾਬ ਐਕਟ ਨੰ: 35 ਤਹਿਤ ਸਥਾਪਤ)

# PUNJABI UNIVERSITY, PATIALA

Roll No. 26025 Regd. No. SBS(K) 20[illegible]

## MASTER OF EDUCATION (M.Ed.) REGULAR PART-I (SEMESTER-II)

Examination: MAY, 2018

(Two Year Course)

NAME : SUKHDEEP SINGH

FATHER'S NAME : BALKARAN SINGH

MOTHER'S NAME : SURINDER KAUR

### RESULT-CUM-GRADE CARD

| Paper | Nomenclature | Credits | Secured Grade |
|---|---|---|---|
| I. | History and Political Economy of Education | 4.0 | B+ |
| II. | Sociology of Education | 4.0 | B[illegible] |
| III. | Curriculum Studies | 4.0 | B[illegible] |
| IV. | Teacher Education: History and Policy Perspective | 4.0 | B[illegible] |
| V. | Practicum-cum-Field Work | 6.0 | O[illegible] |

Current Credits : 22 Current Grade Points 164[illegible]

Semester Grade Point Average (SGPA) : 7.45

Asstt./Deputy Registrar (Exams)

for Controller (Examinations)

Patiala

Dated: 30.10.2018